**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 23-12-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰੋਜ਼ਗਾਰ ਮੇਲੇ ਦੌਰਾਨ ਵੀਡੀਓ ਕਾਨਫਰੰਸਿੰਗ ਰਾਹੀਂ ਨਵੇਂ ਨਿਯੁਕਤ ਕੀਤੇ ਗਏ 71 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ ।
- ਜਲੰਧਰ 'ਚ ਸੀਮਾ ਸੁਰੱਖਿਆ ਬਲ ਦੇ ਫਰੰਟੀਅਰ ਹੈੱਡਕੁਆਰਟਰ ਵਿਖੇ ਰੋਜ਼ਗਾਰ ਮੇਲੇ ਵਿਚ ਨਿਯੁਕਤੀ ਪੱਤਰ ਵੰਡੇ ਗਏ
- ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਕਿਸਾਨ ਦਿਵਸ ਮਨਾਇਆ ਜਾ ਰਿਹਾ ਏ ।
- ਪੰਜਾਬ ਪੁਲਿਸ ਅਤੇ ਉੱਤਰ ਪ੍ਰਦੇਸ਼ ਪੁਲਿਸ ਨੇ ਅੱਜ ਇੱਕ ਸਾਂਝੀ ਕਾਰਵਾਈ ਦੌਰਾਨ, ਪੀਲੀਭੀਤ ਜ਼ਿਲ੍ਹੇ ਵਿੱਚ ਹੋਏ ਮੁਕਾਬਲੇ ਵਿੱਚ ਤਿੰਨ ਖਾਲਿਸਤਾਨੀ ਦਹਿਸ਼ਤਗਰਦਾਂ ਨੂੰ ਮਾਰ ਦਿੱਤਾ ਏ।

- ਪੰਜਾਬ, ਸਮੇਤ ਉੱਤਰੀ ਭਾਰਤ, ਗੰਭੀਰ ਸੀਤ ਲਹਿਰ ਦਾ ਸਾਹਮਣਾ ਕਰ ਰਿਹਾ ਏ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਿਹਾ ਏ ਕਿ ਪਿਛਲੇ ਡੇਢ ਸਾਲ ਵਿੱਚ ਦੇਸ਼ ਦੇ ਨੌਜਵਾਨਾਂ ਨੂੰ ਤਕਰੀਬਨ 10 ਲੱਖ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਨੇ। ਸ੍ਰੀ ਮੋਦੀ ਨੇ ਇਹ ਗੱਲ ਵੀਡੀਓ ਕਾਨਫਰੰਸਿੰਗ ਰਾਹੀਂ ਨਵੇਂ ਨਿਯੁਕਤ ਹੋਏ 71 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡਣ ਮੌਕੇ ਕਹੀ। ਉਨ੍ਹਾਂ ਕਿਹਾ ਕਿ ਪਿਛਲੇ ਦਸ ਸਾਲਾਂ ਤੋਂ ਦੇਸ਼ ਦੇ ਵੱਖ-ਵੱਖ ਮੰਤਰਾਲਿਆਂ, ਵਿਭਾਗਾਂ ਅਤੇ ਅਦਾਰਿਆਂ ਵਿੱਚ ਸਰਕਾਰੀ ਨੌਕਰੀਆਂ ਦੇਣ ਦੀ ਮੁਹਿੰਮ ਚੱਲ ਰਹੀ ਏ - byte ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਰੋਜ਼ਗਾਰ ਮੇਲੇ, ਨੌਜਵਾਨਾਂ ਨੂੰ ਸ਼ਕਤੀ ਪ੍ਰਦਾਨ ਕਰ ਰਹੇ ਨੇ ਅਤੇ ਉਨ੍ਹਾਂ ਦੀ ਸਮਰੱਥਾ ਨੂੰ ਖੋਲ੍ਹ ਰਹੇ ਨੇ. ਉਨ੍ਹਾਂ ਕਿਹਾ ਕਿ ਦੇਸ਼ ਦੇ ਨੌਜਵਾਨਾਂ ਦੀ ਸਮਰੱਥਾ ਅਤੇ ਹੁਨਰ ਦੀ ਚੰਗੀ ਤਰ੍ਹਾਂ ਪੂਰੀ ਵਰਤੋਂ ਕਰਨਾ ਸਰਕਾਰ ਦੀ ਤਰਜੀਹ ਏ। ਸ੍ਰੀ ਮੋਦੀ ਨੇ ਕਿਹਾ ਕੀਤਾ ਕਿ ਇਸ ਸਰਕਾਰ ਦੀਆਂ ਨੀਤੀਆਂ ਅਤੇ ਫੈਸਲਿਆਂ ਕਾਰਨ ਪੇਂਡੂ

ਭਾਰਤ ਵਿੱਚ ਰੁਜ਼ਗਾਰ ਅਤੇ ਸਵੈ-ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋ ਰਹੇ ਨੇ । ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਮਾਤ ਭਾਸ਼ਾਵਾਂ ਵਿੱਚ ਸਿੱਖਿਆ ਅਤੇ ਪ੍ਰੀਖਿਆਵਾਂ ਦੀ ਇਜਾਜ਼ਤ ਦੇ ਕੇ ਅਤੇ 13 ਭਾਸ਼ਾਵਾਂ ਵਿੱਚ ਭਰਤੀ ਪ੍ਰੀਖਿਆਵਾਂ ਦੀ ਸਹੂਲਤ ਪ੍ਰਦਾਨ ਕਰ ਕੇ ਦਿਹਾਤੀ ਨੌਜਵਾਨਾਂ ਅਤੇ ਹਾਸ਼ੀਏ 'ਤੇ ਪਏ ਭਾਈਚਾਰਿਆਂ ਲਈ ਭਾਸ਼ਾਈ ਰੁਕਾਵਟਾਂ ਨੂੰ ਵੀ ਦੂਰ ਕੀਤਾ ਏ । ਉਨ੍ਹਾਂ ਕਿਹਾ ਕਿ ਭਾਰਤ ਸਾਲ 2047 ਤੱਕ ਇੱਕ ਵਿਕਸਤ ਰਾਸ਼ਟਰ ਬਣਨ ਲਈ ਵਚਨਬੱਧ ਏ ਕਿਉਂਕਿ ਦੇਸ਼ ਦੀਆਂ ਨੀਤੀਆਂ ਅਤੇ ਫੈਸਲੇ ਆਪਣੇ ਪ੍ਰਤਿਭਾਸ਼ਾਲੀ ਨੌਜਵਾਨਾਂ ਨੂੰ ਸਸ਼ਕਤ ਬਣਾਉਣ 'ਤੇ ਕੇਂਦਰਿਤ ਨੇ । ਉਨ੍ਹਾਂ ਕਿਹਾ ਕਿ ਦੇਸ਼ ਦਾ ਵਿਕਾਸ ਨੌਜਵਾਨਾਂ ਦੀ ਸਖਤ ਮਿਹਨਤ , ਸਮਰੱਥਾ ਤੇ ਅਗਵਾਈ 'ਤੇ ਨਿਰਭਰ ਕਰਦਾ ਏ। 'ਤੇ ਨਿਰਭਰ ਕਰਦਾ ਏ । ਪ੍ਰਧਾਨ ਮੰਤਰੀ ਮੋਦੀ ਨੇ ਇਸ ਗੱਲ ‘ਤੇ ਵੀ ਚਾਨਣਾ ਪਾਇਆ ਕਿ ਸਰਕਾਰ ਨੇ ਮੇਕ ਇਨ ਇੰਡੀਆ, ਆਤਮਨਿਰਭਰ ਭਾਰਤ ਅਭਿਆਨ, ਸਟਾਰਟਅੱਪ ਇੰਡੀਆ, ਸਟੈਂਡ ਅੱਪ ਇੰਡੀਆ, ਡਿਜੀਟਲ ਇੰਡੀਆ ਵਰਗੀਆਂ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਨੇ ਅਤੇ ਹਰ ਯੋਜਨਾ ਨੂੰ ਨੌਜਵਾਨਾਂ ਨੂੰ ਮੱਦੇਨਜ਼ਰ ਰੱਖ ਕੇ ਬਣਾਇਆ

ਗਿਆ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ, ਭਾਰਤ ਨੇ ਪੁਲਾੜ ਖੇਤਰ ਵਿੱਚ ਆਪਣੀਆਂ ਨੀਤੀਆਂ ਬਦਲ ਦਿੱਤੀਆਂ ਨੇ. ਉਨ੍ਹਾਂ ਕਿਹਾ ਕਿ, ਭਾਰਤ ਨੇ ਆਪਣੇ ਰੱਖਿਆ ਖੇਤਰ ਵਿੱਚ ਵੀ ਨਿਰਮਾਣ ਨੂੰ ਉਤਸ਼ਾਹਿਤ ਕੀਤਾ ਅਤੇ ਦੇਸ਼ ਦੇ ਨੌਜਵਾਨਾਂ ਨੂੰ ਇਸ ਦਾ ਸਭ ਤੋਂ ਵੱਧ ਫਾਇਦਾ ਹੋਇਆ। ਸ੍ਰੀ ਮੋਦੀ ਨੇ ਇਸ ਗੱਲ ਨੂੰ ਉਜਾਗਰ ਕੀਤਾ ਕਿ ਅੱਜ ਭਾਰਤ'ਚ ਸਟਾਰਟਅੱਪ ਸ਼ੁਰੂ ਕਰਨ ਲਈ ਨੌਜੁਆਨਾਂ ਨੂੰ ਸਾਰੀਆਂ ਸਹੂਲਤਾਂ ਮਿਲਦੀਆਂ ਨੇ - BYTE-

---------------------------------------------------------------------------

ਇਸੇ ਸਿਲਸਿਲੇ ਵਿਚ ਅੱਜ ਪੰਜਾਬ ਵਿੱਚ ਵੀ, ਜਲੰਧਰ 'ਚ ਸੀਮਾ ਸੁਰੱਖਿਆ ਬਲ ਦੇ ਫਰੰਟੀਅਰ ਹੈੱਡਕੁਆਰਟਰ ਵਿਖੇ ਰੋਜ਼ਗਾਰ ਮੇਲੇ ਵਿਚ ਨਿਯੁਕਤੀ ਪੱਤਰ ਵੰਡੇ ਗਏ. ਬੀਐਸਐਫ ਦੇ ਇੰਸਪੈਕਟਰ ਜਨਰਲ Dr Atul Fulzale ਨੇ ਪ੍ਰੋਗਰਾਮ ਦੀ ਪ੍ਰਧਾਨਗੀ ਕੀਤੀ ਅਤੇ BSF, CRPF, SSB, EPFO, ਡਾਕ ਵਿਭਾਗ ਅਤੇ ਹੋਰ ਸਿਵਲ ਵਿਭਾਗਾਂ ਵਿੱਚ ਵੱਖ-ਵੱਖ ਅਸਾਮੀਆਂ ਲਈ 481 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡੇ ਗਏ। Byte- ਇੰਸਪੈਕਟਰ ਜਨਰਲ ਨੇ ਉਮੀਦਵਾਰਾਂ ਨੂੰ ਉਨ੍ਹਾਂ ਦੀ ਮਹਿਨਤ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ

ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ। ਇਸੇ ਤਰ੍ਹਾਂ ਮੋਹਾਲੀ ਦੇ Indian Institute of Science Education and Research ਵਿਖੇ ਬੀ.ਐਸ.ਐਫ ਦੇ ਵਧੀਕ ਡਾਇਰੈਕਟਰ ਜਨਰਲ Satish Khandare ਨੇ 249 ਨਵੇਂ ਨਿਯੁਕਤ ਹੋਏ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ। ਨਿਯੁਕਤੀ ਪੱਤਰ ਮਿਲਣ 'ਤੇ ਇਹ ਨੌਜੁਆਨ ਬੇਹਦ ਖੁਸ਼ ਸਨ ਤੇ ਇਹਨਾਂ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਪ੍ਰਤੀ ਧੰਨਵਾਦ ਪ੍ਰਗਟਾਇਆ-BYTE – ਰੋਜ਼ਗਾਰ ਮੇਲਾ ਦੇਸ਼ ਭਰ ਵਿਚ 45 ਥਾਵਾਂ ਤੇ ਆਯੋਜਿਤ ਕੀਤਾ ਗਿਆ ਏ। ਰੁਜ਼ਗਾਰ ਮੇਲਾ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਨੂੰ ਤਰਜੀਹ ਦੇਣ ਦੀ ਪ੍ਰਧਾਨ ਮੰਤਰੀ ਦੀ ਵਚਨਬੱਧਤਾ ਨੂੰ ਪੂਰਾ ਕਰਨ ਵੱਲ ਇੱਕ ਅਹਿਮ ਕਦਮ ਏ।

---------------------------------------------------------------------------------

ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਕਿਸਾਨ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਦੇਸ਼ ਦੀ ਤਰੱਕੀ ਵਿੱਚ ਕਿਸਾਨਾਂ ਦੇ ਯੋਗਦਾਨ ਦਾ ਸਨਮਾਨ ਕਰਨ ਦਾ ਮੌਕਾ ਏ।ਕਿਸਾਨ ਦਿਵਸ, ਖੁਰਾਕ ਸੁਰੱਖਿਆ ਨੂੰ ਯਕੀਨੀ ਬਣਾਉਣ, ਪੇਂਡੂ ਆਰਥਿਕਤਾ ਨੂੰ ਮਜ਼ਬੂਤ ਕਰਨ ਅਤੇ ਦੇਸ਼ ਦੀ

ਖੇਤੀਬਾੜੀ ਵਿਰਾਸਤ ਨੂੰ ਸੁਰੱਖਿਅਤ ਰੱਖਣ ਵਿੱਚ ਕਿਸਾਨਾਂ ਦੀ ਮਹੱਤਵਪੂਰਨ ਭੂਮਿਕਾ ਦੀ ਯਾਦ ਦਿਵਾਉਂਦਾ ਏ। ਕਿਸਾਨਾਂ ਦੀ ਭੂਮਿਕਾ ਨੂੰ ਮਹੱਤਵ ਦਿੰਦੇ ਹੋਏ, ਸਰਕਾਰ ਨੇ, ਉਨ੍ਹਾਂ ਦੇ ਸਮਾਜਿਕ ਅਤੇ ਆਰਥਿਕ ਵਿਕਾਸ ਲਈ ਕਈ ਪਹਿਲਕਦਮੀਆਂ ਕੀਤੀਆਂ ਨੇ। ਇਨ੍ਹਾਂ ਵਿੱਚ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ, ਪ੍ਰਧਾਨ ਮੰਤਰੀ ਫਸਲ ਬੀਮਾ ਯੋਜਨਾ ਅਤੇ ਪ੍ਰਧਾਨ ਮੰਤਰੀ ਕਿਸਾਨ ਮਾਨ-ਧਨ ਯੋਜਨਾ ਸ਼ਾਮਲ ਨੇ। ਇਨ੍ਹਾਂ ਯੋਜਨਾਵਾਂ ਤਹਿਤ ਕਿਸਾਨਾਂ ਨੂੰ ਮਾਲੀ ਸੁਰੱਖਿਆ, ਜੋਖਮ ਘਟਾਉਣ ਦੇ ਉਪਾਅ ਅਤੇ ਲੰਮੇ ਸਮੇਂ ਲਈ ਸਮਾਜਿਕ ਸੁਰੱਖਿਆ ਪ੍ਰਦਾਨ ਕੀਤੀ ਜਾਂਦੀ ਏ। ਇਸ ਸਾਲ ਦੇਸ਼ ਵਿੱਚ, 33 ਕਰੋੜ 22 ਲੱਖ ਟਨ ਅਨਾਜ ਦਾ ਰਿਕਾਰਡ ਉਤਪਾਦਨ ਹੋਇਆ ਏ। ਪਿਛਲੇ ਸਾਲ, ਇਹ 32 ਕਰੋੜ 97 ਲੱਖ ਟਨ ਸੀ।

---------------------------------------------------------------------------

ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਅੱਜ ਨਵੀਂ ਦਿੱਲੀ ਦੇ ਕਿਸਾਨ ਘਾਟ ਵਿਖੇ ਸਾਬਕਾ ਪ੍ਰਧਾਨ ਮੰਤਰੀ ਚੌਧਰੀ ਚਰਨ ਸਿੰਘ ਨੂੰ ਉਨ੍ਹਾਂ ਦੇ ਜਨਮ ਵਰੇਗੰਢ ਮੌਕੇ ਸ਼ਰਧਾਂਜਲੀ ਭੇਟ ਕੀਤੀ ਏ। ਪੱਤਰਕਾਰਾਂ ਨਾਲ

ਗੱਲਬਾਤ ਕਰਦਿਆਂ, ਸ੍ਰੀ ਧਨਖੜ ਨੇ ਕਿਹਾ ਕਿ ਕਿਸਾਨ ਦਿਵਸ, ਚੌਧਰੀ ਚਰਨ ਸਿੰਘ ਨੂੰ ਸਨਮਾਨਿਤ ਕਰਨ ਲਈ, 2001 ਵਿੱਚ ਸ਼ੁਰੂ ਕੀਤਾ ਗਿਆ ਸੀ, ਜਿਨ੍ਹਾਂ ਨੇ ਕਿਸਾਨਾਂ ਦੇ ਨਾਲ-ਨਾਲ, ਦੇਸ਼ ਦੇ ਵਿਕਾਸ ਅਤੇ ਪੇਂਡੂ ਵਿਕਾਸ ਲਈ, ਆਪਣਾ ਜੀਵਨ ਸਮਰਪਿਤ ਕਰ ਦਿੱਤਾ। ਉਪ ਰਾਸ਼ਟਰਪਤੀ ਨੇ ਕਿਹਾ ਕਿ ਅਗਲੇ ਸਾਲ ਕਿਸਾਨ ਦਿਵਸ ਨੂੰ 25 ਸਾਲ ਪੂਰੇ ਹੋ ਜਾਣਗੇ ਅਤੇ ਸਾਰਿਆਂ ਨੂੰ ਸਾਲ ਭਰ ਪ੍ਰੋਗਰਾਮ ਕਰਾਉਣ ਦਾ ਸੰਕਲਪ ਲੈਣਾ ਚਾਹੀਦਾ ਏ ਤਾਂ ਜੋ ਕਿਸਾਨਾਂ ਦੇ ਹਿੱਤਾਂ ਨੂੰ ਸਭ ਤੋਂ ਉੱਪਰ ਰੱਖਿਆ ਜਾ ਸਕੇ। ਇਸ ਮੌਕੇ ਰਾਸ਼ਟਰੀ ਲੋਕ ਦਲ ਦੇ ਮੁਖੀ ਅਤੇ ਚੌਧਰੀ ਚਰਨ ਸਿੰਘ ਦੇ ਪੋਤਰੇ ਜਯੰਤ ਚੌਧਰੀ ਵੀ ਮੌਜੂਦ ਸਨ ।

-----------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਸਾਬਕਾ ਪ੍ਰਧਾਨ ਮੰਤਰੀ ਚੌਧਰੀ ਚਰਨ ਸਿੰਘ ਨੂੰ ਉਨ੍ਹਾਂ ਦੀ ਜਨਮ ਵਰੇਗੰਢ 'ਤੇ ਸ਼ਰਧਾਂਜਲੀ ਭੇਟ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ੍ਰੀ ਮੋਦੀ ਨੇ ਕਿਹਾ ਕਿ ਚੌਧਰੀ ਚਰਨ ਸਿੰਘ ਗਰੀਬਾਂ ਅਤੇ ਕਿਸਾਨਾਂ ਦੇ ਸੱਚੇ ਸ਼ੁਭਚਿੰਤਕ ਸਨ। ਪ੍ਰਧਾਨ

ਮੰਤਰੀ ਨੇ ਕਿਹਾ ਕਿ ਰਾਸ਼ਟਰ ਪ੍ਰਤੀ ਉਨ੍ਹਾਂ ਦਾ ਸਮਰਪਣ ਅਤੇ ਸੇਵਾ ਸਾਰਿਆਂ ਨੂੰ ਪ੍ਰੇਰਿਤ ਕਰਦੀ ਰਹੇਗੀ।

---------------------------------------------------------------------------

ਪੰਜਾਬ ਪੁਲਿਸ ਅਤੇ ਉੱਤਰ ਪ੍ਰਦੇਸ਼ ਪੁਲਿਸ ਨੇ ਅੱਜ ਇੱਕ ਸਾਂਝੀ ਕਾਰਵਾਈ ਦੌਰਾਨ, ਪੀਲੀਭੀਤ ਜ਼ਿਲ੍ਹੇ ਵਿੱਚ ਹੋਏ ਮੁਕਾਬਲੇ ਵਿੱਚ ਖਾਲਿਸਤਾਨ ਜ਼ਿੰਦਾਬਾਦ ਫੋਰਸ (KZF) ਦੇ ਤਿੰਨ ਦਹਿਸ਼ਤਗਰਦਾਂ ਨੂੰ ਮਾਰ ਦਿੱਤਾ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਆਪਣੇ ਸੋਸ਼ਲ ਮੀਡਿਆ ਹੈਂਡਲ 'ਤੇ ਦੱਸਿਆ ਏ ਕਿ ਇਹ ਤਿੰਨੇਂ, 19 ਦਸੰਬਰ ਨੂੰ ਪੰਜਾਬ ਦੇ ਗੁਰਦਾਸਪੁਰ ਜ਼ਿਲੇ 'ਚ ਪੁਲਿਸ ਚੌਕੀ 'ਤੇ ਹੋਏ ਗ੍ਰੇਨੇਡ ਹਮਲੇ 'ਚ ਸ਼ਾਮਲ ਸਨ। ਤਿੰਨੇ ਕਾਰਕੁੰਨ, Varinder Singh, Gurwinder Singh and Jashanpreet Singh ਗੁਰਦਾਸਪੁਰ ਦੇ ਥਾਣਾ ਕਲਾਨੌਰ ਦੇ ਵਸਨੀਕ ਸੀ ਅਤੇ ਉਨ੍ਹਾਂ 'ਤੇ ਜ਼ਿਲ੍ਹੇ ਦੇ ਇੱਕ ਥਾਣੇ 'ਤੇ ਹਮਲਾ ਕਰਨ ਦਾ ਇਲ੍ਜ਼ਾਮ ਸੀ। ਸ਼੍ਰੀ ਯਾਦਵ ਨੇ ਇਸ ਵਿਚ ਬਰਤਾਨਵੀ ਫੌਜ ਦੇ ਇੱਕ ਮੁਲਾਜ਼ਮ , ਜਗਜੀਤ ਸਿੰਘ ਦੀ ਵੀ ਕਥਿਤ ਸ਼ਮੂਲੀਅਤ ਬਾਰੇ ਜਾਣਕਾਰੀ ਦਿੱਤੀ ਏ ਅਤੇ ਇਸ ਤੋਂ ਇਲਾਵਾ KZF ਦੇ ਮੁਖੀ ਰਣਜੀਤ ਸਿੰਘ ਨੀਟਾ

ਅਤੇ ਗ੍ਰੀਸ ਦੇ ਜਸਵਿੰਦਰ ਸਿੰਘ ਮੰਨੂ ਨੇ ਵੀ ਇਸ ਮਾਡਿਊਲ ਦੀ ਹਮਾਇਤ ਕੀਤੀ।

ਇਹ ਦਹਿਸ਼ਤਗਰਦ ਮਾਡਿਊਲ ਪੰਜਾਬ ਦੇ ਸਰਹੱਦੀ ਇਲਾਕਿਆਂ 'ਚ ਪੁਲਿਸ ਅਦਾਰਿਆਂ 'ਤੇ ਗ੍ਰੇਨੇਡ ਹਮਲਿਆਂ 'ਚ ਸ਼ਾਮਲ ਸੀ। ਇਨ੍ਹਾਂ ਦੇ ਕਬਜ਼ੇ 'ਚੋਂ ਦੋ ਏਕੇ 47 ਰਾਈਫਲਾਂ, ਦੋ ਗਲੋਕ ਪਿਸਤੌਲਾਂ ਅਤੇ ਵੱਡੀ ਮਿਕਦਾਰ 'ਚ ਗੋਲੀ ਸਿੱਕਾ ਬਰਾਮਦ ਹੋਇਆ ਏ।

--------------------------------------------------------------------------------

ਕੇਂਦਰੀ ਆਯੁਸ਼ ਮੰਤਰਾਲੇ ਹੇਠ ਨੈਸ਼ਨਲ ਕਮਿਸ਼ਨ ਫਾਰ ਇੰਡੀਅਨ ਸਿਸਟਮ ਆਫ ਮੈਡੀਸਨ ਦੇ ਜਲੰਧਰ ਸਥਿਤ ਆਯੁਰਵੈਦਿਕ ਵਿਭਾਗ ਵੱਲੋਂ ਆਕਾਸ਼ਵਾਣੀ ਜਲੰਧਰ ਦੇ ਕਰਮਚਾਰੀਆਂ ਲਈ ਪ੍ਰਕਿਰਤੀ ਦੇ ਨਿਰੀਖਣ ਲਈ ਇੱਕ ਵਿਸ਼ੇਸ਼ ਜਾਂਚ ਕੈਂਪ ਆਕਾਸ਼ਵਾਣੀ ਵਿੱਚ ਲਗਾਇਆ ਗਿਆ । ਇਸ ਕੈਂਪ ਵਿੱਚ ਆਯੁਰਵੈਦਿਕ ਵਿਭਾਗ ਦੇ ਆਯੁਰਵੇਦਿਕ ਮੈਡੀਕਲ ਅਫਸਰ ਡਾਕਟਰ ਅਨੀਤਾ ਅਤੇ ਉਹਨਾਂ ਦੇ ਟੀਮ ਮੈਂਬਰ ਸਰਬਜੀਤ ਕੌਰ ਅਤੇ ਸਚਿਨ ਚੱਢਾ ਵੱਲੋਂ 'ਦੇਸ਼ ਦਾ ਪ੍ਰਕਿਰਤੀ ਪ੍ਰੀਖਣ ਅਭਿਆਨ' ਹੇਠ ਅੱਜਕੱਲ ਦੇ ਸਮੇਂ ਵਿੱਚ ਬਦਲੀ ਜੀਵਨ ਸ਼ੈਲੀ ਕਾਰਨ

ਹੋਣ ਵਾਲੇ ਰੋਗਾਂ ਤੋਂ ਬਚਾਅ ਬਾਰੇ ਉਪਾਅ ਦੱਸੇ ਗਏ। ਇਹਨਾਂ ਵਿੱਚ ਖਾਣ-ਪੀਣ , ਰਹਿਣ-ਸਹਿਣ , ਸਮੇਂ ਸਿਰ ਨੀਂਦ ਅਤੇ ਬਦਲਦੇ ਮੌਸਮ ਅਨੁਸਾਰ ਜੀਵਨ ਸ਼ੈਲੀ ਵਿੱਚ ਬਦਲਾਅ ਦੀ ਭਰਪੂਰ ਜਾਣਕਾਰੀ ਦਿੱਤੀ ਗਈ। ਦੱਸਣਯੋਗ ਹੈ ਕਿ ਭਾਰਤ ਸਰਕਾਰ ਦਾ ਇਹ ਅਭਿਆਨ ਇਸ ਸਾਲ 26 ਨਵੰਬਰ ਤੋਂ 25 ਦਸੰਬਰ ਤੱਕ ਚੱਲਿਆ । ਜਿਸ ਵਿੱਚ 18 ਸਾਲ ਤੋਂ ਵੱਧ ਉਮਰ ਦੇ ਤਕਰੀਬਨ ਇਕ ਕਰੋੜ ਦੇਸ਼ ਵਾਸੀਆਂ ਦੀ ਪ੍ਰਕਿਰਤੀ ਪਰੀਖਣ ਕੀਤਾ ਜਾਣਾ ਏ।

---------------------------------------------------------------------------------

ਪੰਜਾਬ ਨੇ ਇਕ ਹਜ਼ਾਰ ਕਰੋੜ ਰੁਪਏ ਦੀ ਗ੍ਰਾਂਟ ਦੇ ਨਾਲ ਸਰਹੱਦੀ ਜ਼ਿਲ੍ਹਿਆਂ ਵਿੱਚ ਆਪਣੇ ਪੁਲਿਸ ਬੁਨਿਆਦੀ ਢਾਂਚੇ ਅਤੇ ਸੁਰੱਖਿਆ ਯਤਨਾਂ ਨੂੰ ਮਜ਼ਬੂਤ ਕਰਨ ਲਈ ਕੇਂਦਰੀ ਸਹਾਇਤਾ ਦੀ ਮੰਗ ਕੀਤੀ ਏ। ਕੇਂਦਰੀ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨਾਲ ਜੈਸਲਮੇਰ ਵਿਖੇ ਹੋਈ ਪ੍ਰੀ-ਬਜਟ ਮੀਟਿੰਗ ਦੌਰਾਨ, ਪੰਜਾਬ ਦੇ ਸਰਹੱਦੀ ਅਤੇ ਨੀਮ ਪਹਾੜੀ ਖੇਤਰਾਂ ਵਿੱਚ ਲਘੂ , ਛੋਟੇ ਅਤੇ ਮਧਿਅਮ ਦਰਜੇ ਦੇ ਉੱਦਮਾਂ ਨੂੰ ਹੁਲਾਰਾ ਦੇਣ ਲਈ ਜੰਮੂ-ਕਸ਼ਮੀਰ ਅਤੇ ਗੁਆਂਢੀ ਪਹਾੜੀ ਰਾਜਾਂ ਦੀ ਤਰਜ਼ 'ਤੇ ਸੂਬੇ

ਲਈ ਉਦਯੋਗਿਕ ਪ੍ਰੋਤਸਾਹਨ ਦੀ ਮੰਗ ਕੀਤੀ ਗਈ। ਇਹ ਪ੍ਰਗਟਾਵਾ ਕਰਦਿਆਂ ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸੂਬੇ ਨੇ ਨਾਬਾਰਡ ਦੇ ਥੋੜ੍ਹੇ ਸਮੇਂ ਵਾਲੇ ਸੀਜ਼ਨਲ ਐਗਰੀਕਲਚਰਲ ਆਪਰੇਸ਼ਨਜ਼ ਦੀ ਸੀਮਾ ਨੂੰ ਵਿੱਤੀ ਸਾਲ 2024-25 ਲਈ 1,100 ਕਰੋੜ ਰੁਪਏ ਤੱਕ ਘਟਾਈ ਗਈ ਸੀਮਾ ਨੂੰ ਵਧਾ ਕੇ 3 ਹਜ਼ਾਰ 41 ਕਰੋੜ ਰੁਪਏ ਕਰਨ ਦੀ ਮੰਗ ਜ਼ੋਰਦਾਰ ਢੰਗ ਨਾਲ ਚੁਕੀ ਏ। ਉਨ੍ਹਾਂ ਕਿਹਾ ਕਿ ਇਹ ਬਹਾਲੀ ਕਿਸਾਨਾਂ ਨੂੰ ਸ਼ਾਹੂਕਾਰਾਂ ਵੱਲ ਮੁੜਨ ਤੋਂ ਰੋਕਣ ਲਈ, "ਸਹਿਕਾਰ ਸੇ ਸਮ੍ਰਿਧੀ" ਦੇ ਸਿਧਾਂਤ ਨਾਲ ਮੇਲ ਖਾਂਦੀ ਹਏ। ਉਨ੍ਹਾਂ ਕਿਹਾ ਕਿ ਕਈ ਰਾਜਾਂ ਵੱਲੋਂ ਇਹ ਮੁੱਦਾ ਉਠਾਇਆ ਅਤੇ ਇਸ 'ਤੇ ਲੰਮੀ ਚਰਚਾ ਕੀਤੀ ਗਈ। ਵਿੱਤ ਮੰਤਰੀ ਨੇ ਪੰਜਾਬ ਵਿੱਚ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਵਿੱਤੀ ਸਹਾਇਤਾ ਦਾ ਪ੍ਰਸਤਾਵ ਵੀ ਰੱਖਿਆ ਤੇ ਝੋਨੇ ਦੀ ਖੇਤੀ ਵਿਭਿੰਨਤਾ ਲਈ ਵਿਸ਼ੇਸ਼ ਬਜਟ ਅਲਾਟ ਕਰਨ ਦੀ ਵੀ ਮੰਗ ਕੀਤੀ।

---------------------------------------------------------------------

ਪੰਜਾਬ, ਜੰਮੂ-ਕਸ਼ਮੀਰ, ਅਤੇ ਹਿਮਾਚਲ ਪ੍ਰਦੇਸ਼ 'ਚ ਠੰਢ ਅਤੇ ਬਾਰਸ਼ ਨਾਲ ਜਾਰੀ ਰਹਿਣ ਨਾਲ ਉੱਤਰੀ ਭਾਰਤ, ਗੰਭੀਰ ਸੀਤ ਲਹਿਰ ਦਾ ਸਾਹਮਣਾ ਕਰ ਰਿਹਾ ਏ। ਮੌਸਮ ਵਿਭਾਗ (IMD) ਨੇ ਆਉਂਦੀ ਪੱਛਮੀ ਗੜਬੜੀ ਦੇ ਕਾਰਨ ਇਨ੍ਹਾਂ ਰਾਜਾਂ ਦੇ ਕਈ ਜ਼ਿਲ੍ਹਿਆਂ ਲਈ ਔਰੇਂਜ ਅਲਰਟ ਜਾਰੀ ਕੀਤਾ ਏ । ਪੰਜਾਬ ਦੇ ਜਲੰਧਰ ਸਮੇਤ ਹੋਰਨਾਂ ਕਿ ਜ਼ਿਲਿਆਂ ਵਿਚ ਬੀਤੀ ਦੇਰ ਰਾਤ ਤੋਂ ਰੁਕ – ਰੁਕ ਕੇ ਮੀਂਹ ਪੈਣਾ ਜਾਰੀ ਏ. ਹਿਮਾਲਈ ਖੇਤਰ ਵਿੱਚ, ਜੰਮੂ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਠੰਡ ਅਤੇ ਬਰਫ ਨਾਲ ਢੱਕੇ ਹੋਏ ਨੇ, ਝਰਨੇ ਅਤੇ ਨਦੀਆਂ ਜੰਮ ਗਈਆਂ ਨੇ। ਸ੍ਰੀਨਗਰ ਵਿੱਚ ਰਾਤ ਦਾ ਤਾਪਮਾਨ ਮਨਫ਼ੀ 4.6 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜਦੋਂ ਕਿ ਕੁਲਗਾਮ ਜ਼ਿਲ੍ਹੇ ਦਾ ਕੋਨੀਬਲ ਪਿੰਡ ਸਿਫ਼ਰ ਤੋਂ 6.5 ਡਿਗਰੀ ਸੈਲਸੀਅਸ ਹੇਠਾਂ ਦੇ ਤਾਪਮਾਨ ਨਾਲ, ਇਸ ਖੇਤਰ ਵਿੱਚ ਸਭ ਤੋਂ ਠੰਢਾ ਸਥਾਨ ਰਿਹਾ।

--------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਰੋਜ਼ਗਾਰ ਮੇਲੇ ਦੌਰਾਨ ਵੀਡੀਓ ਕਾਨਫਰੰਸਿੰਗ ਰਾਹੀਂ ਨਵੇਂ ਨਿਯੁਕਤ ਕੀਤੇ ਗਏ 71 ਹਜ਼ਾਰ ਤੋਂ ਵੱਧ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ ।
- ਜਲੰਧਰ 'ਚ ਸੀਮਾ ਸੁਰੱਖਿਆ ਬਲ ਦੇ ਫਰੰਟੀਅਰ ਹੈੱਡਕੁਆਰਟਰ ਵਿਖੇ ਰੋਜ਼ਗਾਰ ਮੇਲੇ ਵਿਚ ਨਿਯੁਕਤੀ ਪੱਤਰ ਵੰਡੇ ਗਏ
- ਅੱਜ ਦੇਸ਼ ਭਰ ਵਿੱਚ ਰਾਸ਼ਟਰੀ ਕਿਸਾਨ ਦਿਵਸ ਮਨਾਇਆ ਜਾ ਰਿਹਾ ਏ ।
- ਪੰਜਾਬ ਪੁਲਿਸ ਅਤੇ ਉੱਤਰ ਪ੍ਰਦੇਸ਼ ਪੁਲਿਸ ਨੇ ਅੱਜ ਇੱਕ ਸਾਂਝੀ ਕਾਰਵਾਈ ਦੌਰਾਨ, ਪੀਲੀਭੀਤ ਜ਼ਿਲ੍ਹੇ ਵਿੱਚ ਹੋਏ ਮੁਕਾਬਲੇ ਵਿੱਚ ਤਿੰਨ ਖਾਲਿਸਤਾਨੀ ਦਹਿਸ਼ਤਗਰਦਾਂ ਨੂੰ ਮਾਰ ਦਿੱਤਾ ਏ।
- ਪੰਜਾਬ, ਸਮੇਤ ਉੱਤਰੀ ਭਾਰਤ, ਗੰਭੀਰ ਸੀਤ ਲਹਿਰ ਦਾ ਸਾਹਮਣਾ ਕਰ ਰਿਹਾ ਏ ।